# ਜ਼ਿਲ੍ਹੇ ਦੇ ਸਬੰਧਤ ਅਧਿਕਾਰੀ, ਐਮ.ਪੀ.ਲੈਡ ਸਕੀਮ ਤਹਿਤ ਵਿਕਾਸ ਕੰਮਾਂ ਲਈ ਜਾਰੀ ਕੀਤੇ ਫੰਡਾਂ ਦੀ ਉੱਚਿਤ ਵਰਤੋਂ ਨੂੰ ਯਕੀਨੀ ਬਣਾਉਣ-ਮੈਂਬਰ ਪਾਰਲੀਮੈਂਟ ਪ੍ਰੋ: ਸਾਧੂ ਸਿੰਘ

- **ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਮਿਥੇ ਸਮੇਂ 'ਚ ਮੁਕੰਮਲ ਕਰਨ ਲਈ ਕੰਮ 'ਚ ਤੇਜ਼ੀ ਲਿਆਉਣ ਅਤੇ 275.45 ਲੱਖ ਰੁਪਏ ਦੇ ਬਕਾਇਆ ਵਰਤੋਂ ਸਰਟੀਫ਼ੀਕੇਟ ਜਲਦੀ ਪੇਸ਼ ਕਰਨ ਅਧਿਕਾਰੀ**
- **ਕਿਹਾ, ਸਮੂਹ ਅਧਿਕਾਰੀਆਂ ਵੱਲੋਂ ਆਮ ਜਨਤਾ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਹਮੇਸ਼ਾ ਖਿੜੇ ਮੱਥੇ ਪ੍ਰਦਾਨ ਕੀਤੀਆਂ ਜਾਣ**
- **ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਵਿਕਾਸ ਕਾਰਜਾਂ 'ਚ ਮਿਆਰੀ ਮਟੀਰੀਅਲ ਦੀ ਵਰਤੋਂ ਕਰਨ ਅਤੇ ਚੱਲ ਰਹੇ ਕੰਮਾਂ ਦਾ ਨਿੱਜੀ ਤੌਰ 'ਤੇ ਨਿਰੀਖਣ ਕਰਨ ਦੇ ਆਦੇਸ਼**
- **ਮੈਂਬਰ ਪਾਰਲੀਮੈਂਟ ਨੇ ਐਮ.ਪੀ ਲੈਡ ਸਕੀਮ ਅਤੇ ਦਿਸਾ ਦੀ ਰੀਵਿਊ ਮੀਟਿੰਗ ਦੀ ਕੀਤੀ ਪ੍ਰਧਾਨਗੀ**

ਮੋਗਾ 10 ਅਕਤੂਬਰ:

ਜ਼ਿਲ੍ਹੇ ਦੇ ਸਬੰਧਤ ਅਧਿਕਾਰੀ, ਐਮ.ਪੀ.ਲੈਡ ਸਕੀਮ ਤਹਿਤ ਵਿਕਾਸ ਕੰਮਾਂ ਲਈ ਜਾਰੀ ਕੀਤੇ ਫੰਡਾਂ ਦੀ ਉੱਚਿਤ ਵਰਤੋਂ ਨੂੰ ਯਕੀਨੀ ਬਣਾਉਣ ਅਤੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਮਿਥੇ ਸਮੇਂ ਵਿੱਚ ਮੁਕੰਮਲ ਕਰਨ ਲਈ ਕੰਮ 'ਚ ਤੇਜ਼ੀ ਲਿਆਉਣ।

ਇਹ ਹਦਾਇਤ ਪ੍ਰੋ: ਸਾਧੂ ਸਿੰਘ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਫ਼ਰੀਦਕੋਟ ਨੇ ਮੀਟਿੰਗ ਹਾਲ ਵਿਖੇ ਐਮ.ਪੀ ਲੈਡ ਸਕੀਮ ਦੀ ਰੀਵਿਊ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਬੰਧਤ ਕਾਰਜਕਾਰੀ ਏਜੰਸੀਆਂ ਦੇ ਅਧਿਕਾਰੀਆਂ ਨੂੰ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ. ਜਗਵਿੰਦਰਜੀਤ ਸਿੰਘ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਰਾਜੇਸ਼ ਤ੍ਰਿਪਾਠੀ ਅਤੇ ਉਪ ਅਰਥ ਤੇ ਅੰਕੜਾ ਸਲਾਹਕਾਰ ਮੈਡਮ ਸੁਨੀਤਾ ਪਾਲ ਵੀ ਮੌਜੂਦ ਸਨ।

ਇਸ ਮੌਕੇ ਮੈਂਬਰ ਪਾਰਲੀਮੈਂਟ ਪ੍ਰੋ: ਸਾਧੂ ਸਿੰਘ ਨੇ ਸਬੰਧਤ ਕਾਰਜਕਾਰੀ ਏਜੰਸੀਆਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਜ਼ਿਲ੍ਹੇ 'ਚ ਐਮ.ਪੀ. ਲੈਡ ਸਕੀਮ ਤਹਿਤ ਚੱਲ ਰਹੇ 138 ਵਿਕਾਸ ਕਾਰਜਾਂ ਨੂੰ ਜਲਦੀ ਮੁਕੰਮਲ ਕਰਕੇ 275.45 ਲੱਖ ਰੁਪਏ ਦੇ ਬਕਾਇਆ ਵਰਤੋਂ ਸਰਟੀਫ਼ੀਕੇਟ ਤੁਰੰਤ ਪੇਸ਼ ਕਰਨ। ਉਨ੍ਹਾਂ ਇਸ ਸਕੀਮ ਤਹਿਤ ਵੱਖ-ਵੱਖ ਵਿਭਾਗਾਂ ਦੇ ਲੋੜੀਂਦੇ ਪੈਡਿੰਗ ਦਸਤਾਵੇਜ਼ਾਂ ਦਾ ਵੀ ਜ਼ਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਗਰਾਂਟ ਜਾਰੀ ਕਰਨ ਤੋਂ ਪਹਿਲਾਂ 12 ਵਿਕਾਸ ਕਾਰਜਾਂ ਲਈ 24.25 ਲੱਖ ਰੁਪਏ ਦੇ ਲੋੜੀਂਦੇ ਦਸਤਾਵੇਜ਼ ਤੁਰੰਤ ਪੇਸ਼ ਕਰਨ ਦੇ ਆਦੇਸ਼ ਵੀ ਦਿੱਤੇ।

ਇਸ ਤੋਂ ਪਹਿਲਾਂ ਪ੍ਰੋ: ਸਾਧੂ ਸਿੰਘ ਨੇ ਡਿਸਟ੍ਰਿਕਟ ਡਿਵੈਲਪਮੈਂਟ ਕੋ-ਆਰਡੀਨੇਸ਼ਨ ਅਤੇ ਮੋਨੀਟਰਿੰਗ ਕਮੇਟੀ (ਦਿਸ਼ਾ) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਅਧਿਕਾਰੀ ਜਨਤਾ ਦੇ ਸੇਵਕ ਹਨ, ਇਸ ਲਈ ਸਮੂਹ ਅਧਿਕਾਰੀਆਂ ਨੂੰ ਆਮ ਜਨਤਾ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਹਮੇਸ਼ਾ ਖਿੜੇ ਮੱਥੇ ਪ੍ਰਦਾਨ ਕੀਤੀਆਂ ਜਾਣੀਆਂ ਚਾਹੀਦੀਆਂ ਹਨ, ਤਾਂ ਜੋ ਹੇਠਲੇ ਪੱਧਰ ਤੱਕ ਲੋਕ ਇੰਨ੍ਹਾਂ ਸਹੂਲਤਾਂ ਦਾ ਲਾਭ ਉਠਾ ਸਕਣ। ਉਨ੍ਹਾਂ ਅਧਿਕਾਰੀਆਂ ਨੂੰ ਆਮ ਜਨਤਾ ਦੀ ਸੇਵਾ ਤਨਦੇਹੀ ਅਤੇ ਸ਼ਿੱਦਤ ਨਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਵੱਖ-ਵੱਖ ਵਿਭਾਗਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ। ਇਸ ਮੌਕੇ ਮੈਂਬਰ ਪਾਰਲੀਮੈਂਟ ਨੂੰ ਸਿਹਤ ਵਿਭਾਗ ਦੇ ਨੁਮਾਇੰਦੇ ਨੇ ਵਿਭਾਗ ਦੀ 'ਜਨਨੀ ਸੁਰੱਖਿਆ ਯੋਜਨਾ', ਪ੍ਰੀਵਾਰ ਨਿਯੋਜਨ, ਸਕੂਲ ਹੈਲਥ ਪ੍ਰੋਗਰਾਮ ਅਤੇ ਪਲਸ ਪੋਲੀਓ ਆਦਿ ਸਕੀਮਾਂ ਬਾਰੇ

ਵਿਸਥਾਰ ਪੂਰਵਿਕ ਜਾਣਕਾਰੀ ਦਿੱਤੀ। ਸਿੱਖਿਆ ਵਿਭਾਗ ਦੇ ਨੁਮਾਇੰਦੇ ਜੈਵਲ ਜੈਨ ਨੇ ਸਰਵ ਸਿੱਖਿਆ ਅਭਿਆਨ ਤਹਿਤ ਸਕੂਲਾਂ ਦੇ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਵਰਦੀਆਂ, ਕਿਤਾਬਾਂ ਅਤੇ ਵਿਸੇਸ਼ ਟ੍ਰੇਨਿੰਗ ਤੋਂ ਇਲਾਵਾ ਮਿਡ-ਡੇ-ਮੀਲ ਸਕੀਮ ਬਾਰੇ ਜਾਣਕਾਰੀ ਦਿੱਤੀ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜੀਤ ਕੌਰ ਨੇ 'ਬੇਟੀ ਬਚਾਓ-ਬੇਟੀ ਪੜ੍ਹਾਓ ' ਅਭਿਆਨ ਬਾਰੇ ਮੈਂਬਰ ਪਾਰਲੀਮੈਂਟ ਨੂੰ ਜਾਣੂ ਕਰਵਾਇਆ। ਡਾਇਰੈਕਟਰ ਆਤਮਾ ਡਾ: ਬਲਵਿੰਦਰ ਸਿੰਘ ਨੇ ਖੇਤੀਬਾੜੀ ਵਿਭਾਗ ਦੀ ਆਤਮਾ ਸਕੀਮ ਤਹਿਤ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਪੂਰਵਿਕ ਚਾਨਣਾ ਪਾਇਆ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਵਿਕਾਸ ਕਾਰਜਾਂ 'ਚ ਮਿਆਰੀ ਮਟੀਰੀਅਲ ਦੀ ਵਰਤੋਂ ਕਰਨ ਅਤੇ ਸਰਕਾਰ ਵੱਲੋਂ ਜਾਰੀ ਰਾਸ਼ੀ ਦੀ ਯੋਗ ਵਰਤੋਂ ਨੂੰ ਯਕੀਨੀ ਬਣਾਉਣ ਹਿੱਤ ਨਿੱਜੀ ਤੌਰ 'ਤੇ ਜਾ ਕੇ ਚੱਲ ਰਹੇ ਕੰਮਾਂ ਦਾ ਨਿਰੀਖਣ ਕਰਨ।

ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ ਮੋਗਾ/ਧਰਮਕੋਟ ਸੁਖਹਰਪ੍ਰੀਤ ਸਿੰਘ ਅਟਵਾਲ, ਐਸ.ਡੀ.ਐਮ ਬਾਘਾਪੁਰਾਣਾ ਅਮਰਬੀਰ ਸਿੰਘ ਸਿੱਧੂ, ਜਾਇੰਟ ਕਮਿਸ਼ਨਰ ਨਗਰ ਨਿਗਮ ਸਤੀਸ਼ ਕੁਮਾਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਲਖਵਿੰਦਰ ਸਿੰਘ ਰੰਧਾਵਾ, ਮੁੱਖ ਖੇਤੀਬਾੜੀ ਅਫ਼ਸਰ ਡਾ: ਹਰਿੰਦਰਜੀਤ ਸਿੰਘ, ਐਡਵੋਕੇਟ ਮੀਨਾ ਸ਼ਰਮਾ ਇਸਤਰੀ ਮੈਂਬਰ, ਇਨਵੈਸਟੀਗੇਟਰ ਸ਼ਿਵਦੀਪ ਗੋਇਲ, ਕਮੇਟੀ ਮੈਂਬਰ ਮੱਲ ਸਿੰਘ, ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਨੁਮਾਇੰਦੇ ਹਾਜ਼ਰ ਸਨ।

--------------

ਨੰ: ਪੀ.ਆਰ(ਪ੍ਰੈ ਰੀ)2017/565






